# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162

Epaper World Punjabi Times | 18 ਦਸੰਬਰ 2025 ਦਿਨ ਵੀਰਵਾਰ | ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਕੈਨੇਡੀਅਨ ਰਾਮਗੜ੍ਹੀਆ ਸੁਸਾਇਟੀ ਦੀ ਸਰਬਸੰਮਤੀ ਨਾਲ ਹੋਈ ਚੋਣ ਵਿੱਚ ਬਲਬੀਰ ਸਿੰਘ ਚਾਨਾ ਮੁੜ ਪ੍ਰਧਾਨ ਚੁਣੇ ਗਏ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ



ਸਰੀ, 18 ਦਸੰਬਰ : ਗੁਰਦੁਆਰਾ ਸਾਹਿਬ ਬਰੁੱਕਸਾਈਡ ਸਰੀ ਦਾ ਪ੍ਰਬੰਧ ਸੰਭਾਲ ਰਹੀ ਕੈਨੇਡੀਅਨ ਰਾਮਗੜ੍ਹੀਆ ਸੁਸਾਇਟੀ ਦੀ ਜਨਰਲ ਮੀਟਿੰਗ ਐਤਵਾਰ ਨੂੰ ਹੋਈ, ਜਿਸ ਵਿੱਚ ਸਾਲ 2026 ਅਤੇ 2027 ਲਈ ਸੁਸਾਇਟੀ ਦੀ ਨਵੀਂ ਕਾਰਜਕਾਰੀ ਕਮੇਟੀ ਦੀ ਚੋਣ ਕੀਤੀ ਗਈ।

ਮੀਟਿੰਗ ਸਿੱਖ ਮਰਿਆਦਾ ਅਨੁਸਾਰ ਅਰਦਾਸ ਨਾਲ ਸ਼ੁਰੂ ਹੋਈ। ਚੋਣ ਪ੍ਰਕਿਰਿਆ ਚੋਣ ਅਧਿਕਾਰੀ ਸੁਰਿੰਦਰ ਸਿੰਘ ਗਹੀਰ ਦੀ ਦੇਖਰੇਖ ਹੇਠ ਨਿਯਮਾਂ ਅਨੁਸਾਰ ਅਤੇ ਸ਼ਾਂਤੀਪੂਰਕ ਢੰਗ ਨਾਲ ਸੰਪੰਨ ਕਰਵਾਈ ਗਈ। ਸਰਬਸੰਮਤੀ ਨਾਲ ਨਵੀਂ ਚੁਣੀ ਗਈ ਕਾਰਜਕਾਰੀ ਕਮੇਟੀ ਲਈ ਪ੍ਰਧਾਨ ਬਲਬੀਰ ਸਿੰਘ ਚਾਨਾ, ਸੀਨੀਅਰ ਮੀਤ ਪ੍ਰਧਾਨ ਦੀਪ ਸਿੰਘ ਕਲਸੀ, ਮੀਤ ਪ੍ਰਧਾਨ ਕਿਰਪਾਲ ਸਿੰਘ ਧਿੰਜਲ; ਸਕੱਤਰ ਚਰਨਜੀਤ ਸਿੰਘ ਮਰਵਾਹਾ, ਸੀਨੀਅਰ ਮੀਤ ਸਕੱਤਰ ਮਨਜੀਤ ਸਿੰਘ ਵਾਹਰਾ, ਮੀਤ ਸਕੱਤਰ ਹਰਜੀਤ ਸਿੰਘ ਸੇਹਰਾ; ਖ਼ਜ਼ਾਨਚੀ ਦਵਿੰਦਰ ਸਿੰਘ ਜੱਬਲ, ਸੀਨੀਅਰ ਮੀਤ ਖ਼ਜ਼ਾਨਚੀ ਮਨਜੀਤ ਸਿੰਘ ਮੁੱਧਰ, ਮੀਤ ਖ਼ਜ਼ਾਨਚੀ ਅਮਰੀਕ ਸਿੰਘ ਭੱਚੂ ਅਤੇ ਪਬਲਿਕ ਰਿਲੇਸ਼ਨ ਦੀ ਜ਼ਿੰਮੇਵਾਰੀ ਸੁਰਿੰਦਰ ਸਿੰਘ ਜੱਬਲ ਨੂੰ ਸੌਂਪੀ ਗਈ।

ਕਾਰਜਕਾਰੀ ਮੈਂਬਰਾਂ ਵਜੋਂ ਅਮਰਜੀਤ ਸਿੰਘ ਬਰਮੀ, ਹਰਭਜਨ ਸਿੰਘ ਭੱਚੂ, ਸੁਖਵਿੰਦਰ ਸਿੰਘ ਭਾਰਜ, ਬਲਵਿੰਦਰ ਸਿੰਘ ਕਲਸੀ ਅਤੇ ਧਰਮ ਸਿੰਘ ਪਨੇਸਰ ਸ਼ਾਮਲ ਹਨ। ਇਸ ਤੋਂ ਇਲਾਵਾ ਟਰਸਟੀ ਵਜੋਂ ਇਕ ਸਾਲ ਲਈ ਰਵਿੰਦਰ ਸਿੰਘ ਬਰਜਸ ਅਤੇ ਗੁਰਵਿੰਦਰ ਸਿੰਘ ਗਹੀਰ, ਜਦਕਿ ਦੋ ਸਾਲਾਂ ਲਈ ਜਸਵੰਤ ਸਿੰਘ ਜੰਡੂ, ਗੁਰਨਾਮ ਸਿੰਘ ਕਲਸੀ ਅਤੇ ਤਰਸੇਮ ਸਿੰਘ ਵਿਰਦੀ ਨੂੰ ਨਿਯੁਕਤ ਕੀਤਾ ਗਿਆ।

## ਸੰਘਰਸ਼ ਦੇ ਦੌਰ ਦਾ ਦੂਸਰਾ ਅਡੀਸ਼ਨ ਕੈਨੇਡਾ ਦੇ ਬੀ.ਸੀ ਵਿੱਚ ਸਿੱਖ ਆਗੂਆਂ ਨੇ ਜਾਰੀ ਕੀਤਾ

ਵਰਲਡ ਪੰਜਾਬੀ ਟਾਈਮਜ਼
ਰਸ਼ਪਿੰਦਰ ਕੌਰ ਗਿੱਲ







ਬੀ.ਸੀ-ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਵੱਲੋਂ ਲਿਖੀ ਅਤੇ ਬੀਬੀ ਰਸ਼ਪਿੰਦਰ ਕੌਰ ਗਿੱਲ ਵੱਲੋਂ ਸੰਪਾਦਤ ਕੀਤੀ ਗਈ ਕਿਤਾਬ ਸੰਘਰਸ਼ ਦਾ ਦੌਰ ਦਾ ਦੂਸਰਾ ਅਡੀਸ਼ਨ ਕੈਨੇਡਾ ਦੇ ਬੀ.ਸੀ ਵਿੱਚ ਖਾਲਿਸਤਾਨੀ ਆਗੂਆਂ ਅਤੇ ਸ਼ਹੀਦ ਪਰਿਵਾਰਾਂ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਜਾਰੀ ਕੀਤਾ ਗਿਆ। ਗੁਰੂਦੁਆਰਾ ਸੁਖ ਸਾਗਰ ਖਾਲਸਾ ਦੀਵਾਨ ਸੁਸਾਇਟੀ, ਵੈਸਟ ਮਨਿਸਟਰ, ਬੀ.ਸੀ ਵਿਖੇ ਸ਼ਹੀਦਾਂ ਦੇ ਪਰਿਵਾਰਾਂ ਵੱਲੋਂ ਸ਼ਹੀਦਾਂ ਦੀ ਯਾਦ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਵਾਏ ਗਏ। ਉਪਰੰਤ ਸਜੇ ਹੋਏ ਭਾਰੀ ਦੀਵਾਨ ਦੌਰਾਨ ਪੰਥਕ ਬੁਲਾਰਿਆਂ ਨੇ ਆਪਣੇ ਵਿਚਾਰਾਂ ਦਾ ਇਜ਼ਹਾਰ ਕੀਤਾ ਅਤੇ ਰਾਗੀ-ਢਾਡੀ ਸਿੰਘਾਂ ਨੇ ਸ਼ਹੀਦਾਂ ਬਾਰੇ ਪ੍ਰਸੰਗ ਗਾਇਣ ਕੀਤੇ।ਅਮਰੀਕਾ ਤੋਂ ਵਿਸ਼ੇਸ਼ ਤੌਰ ਤੇ ਪੁੱਜੇ ਡਾਕਟਰ ਅਮਰਜੀਤ ਸਿੰਘ ਨੇ ਵਿਸਥਾਰ ਸਹਿਤ ਖਾਲਿਸਤਾਨ ਦੇ ਸੰਘਰਸ਼ ਬਾਰੇ ਸਿੱਖ ਸੰਗਤਾਂ ਨਾਲ ਸਾਂਝ ਪਾਈ। ਉਪਰੰਤ ਡਾਕਟਰ ਅਮਰਜੀਤ ਸਿੰਘ, ਭਾਈ ਗੁਰਪ੍ਰੀਤ ਸਿੰਘ ਸਹੋਤਾ, ਭਾਈ ਕੰਵਲਜੀਤ ਸਿੰਘ, ਭਾਈ ਗੁਰਦੇਵ ਸਿੰਘ, ਭਾਈ ਅਮਰਜੀਤ ਸਿੰਘ, ਢਾਡੀ ਰਸ਼ਪਾਲ ਸਿੰਘ ਪਮਾਲ ਅਤੇ ਸ਼ਹੀਦ ਪਰਿਵਾਰਾਂ ਵੱਲੋਂ ਸੰਘਰਸ਼ ਦਾ ਦੌਰ ਨਾਮੀ ਕਿਤਾਬ ਦਾ ਦੂਸਰਾ ਅਡੀਸ਼ਨ ਰਿਲੀਜ਼ ਕੀਤਾ ਗਿਆ।

ਸਿੱਖ ਸੰਘਰਸ਼ ਦੌਰਾਨ ਸਿੱਖ ਨੌਜਵਾਨਾਂ ਨੂੰ ਪੰਜਾਬ ਪੁਲਿਸ ਦੇ ਅਧਿਕਾਰੀਆਂ ਵੱਲੋਂ ਆਰਥਿਕ ਲਾਭ ਪ੍ਰਾਪਤ ਕਰਨ ਅਤੇ ਤਰੱਕੀਆਂ ਦੀ ਦੌੜ ਵਿੱਚ ਵੱਡੀ ਪੱਧਰ ਤੇ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਸ਼ਹੀਦ ਕੀਤਾ ਗਿਆ, ਜਿਹਨਾਂ ਦੀ ਸਹੀ ਗਿਣਤੀ ਕਰਨੀ ਵੀ ਮੁਸ਼ਕਿਲ ਹੈ। ਪੰਜਾਬ ਦੀਆਂ ਨਹਿਰਾਂ, ਡਰੇਨਾਂ ਦੇ ਪੁਲਾਂ ਅਤੇ ਚੌਰਾਹਿਆਂ ਨੂੰ ਸਿੱਖ ਨੌਜਵਾਨਾਂ ਦੇ ਖੂਨ ਨਾਲ ਲੱਥ-ਪੱਥ ਕੀਤਾ ਗਿਆ। ਉਹਨਾਂ ਜ਼ਾਲਮ ਪੁਲਿਸ ਅਧਿਕਾਰੀਆਂ ਦੀ ਕਾਲੀ ਸੂਚੀ, ਪੁਲਿਸ ਕੈਟਾਂ ਨੂੰ ਬੇਨਕਾਬ ਕਰਦੀ ਹੋਈ, ਸੰਘਰਸ਼ ਦੌਰਾਨ ਗੌਰਵਮਈ ਐਕਸ਼ਨਾਂ ਦੀ ਸਾਂਝ ਪਾਉਂਦੀ ਹੋਈ, ਸਿੱਖ ਬਜੁਰਗਾਂ ਦੇ ਅਦਿੱਖ ਯੋਗਦਾਨ ਨੂੰ ਰੂਪਮਾਨ ਕਰਦੀ ਹੋਈ ਅਤੇ ਸਿੱਖ ਪਰਿਵਾਰਾਂ ਵਿੱਚ ਸਿੱਖ ਜੁਝਾਰੂਆਂ ਪ੍ਰਤੀ ਪਿਆਰ ਅਤੇ ਸਨੇਹ ਦੀ ਗਵਾਹੀ ਭਰਦੀ ਹੋਈ ਕਿਤਾਬ ਸੰਘਰਸ਼ ਦਾ ਦੌਰ ਦਾ ਦੂਸਰਾ ਅਡੀਸ਼ਨ ਸਿੱਖ ਸੰਗਤਾਂ ਦੇ ਪੜਨ ਵਾਸਤੇ ਉਪਲਬਧ ਹੋ ਚੁੱਕਾ ਹੈ। ਜਿਕਰਯੋਗ ਹੈ ਕਿ ਵੀਹਵੀਂ ਸਦੀ ਦੇ ਮਹਾਨ ਸ਼ਹੀਦ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਜਥੇਦਾਰ ਦਮਦਮੀ ਟਕਸਾਲ ਵੱਲੋਂ ਅਰੰਭੇ ਹੋਏ ਸਿੱਖ ਸੰਘਰਸ਼ ਬਾਰੇ ਅਤੇ ਸਿੱਖ ਸੰਘਰਸ਼ ਦੇ ਸ਼ਹੀਦਾਂ ਬਾਰੇ ਤਰਾਂ-ਤਰਾਂ ਦੇ ਭਰਮ ਭੁਲੇਖੇ ਪਾਏ ਜਾ ਰਹੇ ਹਨ। ਭਾਰਤ ਸਰਕਾਰ ਦੇ ਕਰਿੰਦੇ ਸਿੱਖ ਸ਼ਹੀਦਾਂ, ਸਿੱਖ ਜੁਝਾਰੂਆਂ ਅਤੇ ਸੰਘਰਸ਼ ਦੌਰਾਨ ਕੀਤੇ ਗਏ ਮਾਣਮੱਤੇ ਐਕਸ਼ਨਾਂ ਨੂੰ ਆਪਣੀ ਅਲੋਚਨਾ ਦਾ ਸ਼ਿਕਾਰ ਬਣਾ ਰਹੇ ਹਨ ਤਾਂ ਕਿ ਸਿੱਖ ਸੰਘਰਸ਼ ਨੂੰ ਬਦਨਾਮ ਕੀਤਾ ਜਾ ਸਕੇ। ਲੰਗੜੇ ਲੂਲੇ ਵੀ ਸਿੱਖ ਦੁਸ਼ਮਣ ਸਰਕਾਰਾਂ ਦੇ ਫੀਲੇ ਬਣਕੇ ਝੂਠੀਆਂ ਕਹਾਣੀਆਂ ਬਣਾ-ਬਣਾ ਕੇ ਆਪਣੇ ਕਮਰਿਆਂ ਵਿੱਚ ਬੈਠ ਕੇ ਸਿੱਖ ਸੰਘਰਸ਼, ਸਿੱਖ ਸ਼ਹੀਦਾਂ ਅਤੇ ਸ਼ਹੀਦਾਂ ਦੀ ਸੋਚ ਦੇ ਵਾਰਸ ਬਣਕੇ ਡੱਟ ਕੇ ਪਹਿਰਾ ਦੇ ਰਹੇ ਸਿੰਘਾਂ ਖਿਲਾਫ ਸੌ ਫੀਸਦੀ ਝੂਠ ਬੋਲ-ਬੋਲ ਸਿੱਖ ਦੁਸ਼ਮਣ ਲਾਬੀ ਨੂੰ ਖੁਸ਼ ਕਰ ਰਹੇ ਹਨ। ਸੰਘਰਸ਼ ਦਾ ਦੌਰ ਨਾਮੀ ਕਿਤਾਬ ਵਿੱਚ ਸਰਕਾਰ ਪੱਖੀ ਇਸ ਵਰਤਾਰੇ ਦਾ ਟਾਕਰਾ ਕਰਦਿਆਂ ਸਿੱਖ ਸੰਘਰਸ਼ ਦੇ ਪਾਕਿ ਪਵਿੱਤਰ ਅਕਸ ਨੂੰ ਸਹੀ ਅਰਥਾਂ ਵਿੱਚ ਬਿਆਨ ਕਰਨ ਦਾ ਯਤਨ ਕੀਤਾ ਗਿਆ ਹੈ। ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਵੱਲੋਂ ਲਿਖੀ ਗਈ ਅਤੇ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਦੀ ਪ੍ਰਧਾਨ ਬੀਬੀ ਰਸ਼ਪਿੰਦਰ ਕੌਰ ਗਿੱਲ ਵੱਲੋਂ ਸੰਪਾਦਤ ਕੀਤੀ ਗਈ ਕਿਤਾਬ ਸੰਘਰਸ਼ ਦਾ ਦੌਰ ਦਾ ਦੂਜਾ ਅਡੀਸ਼ਨ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ, ਸ.ਇਮਾਨ ਸਿੰਘ ਮਾਨ ਤੋਂ ਇਲਾਵਾ ਸ਼ਹੀਦ ਪਰਿਵਾਰਾਂ ਵੱਲੋਂ ਜਾਰੀ ਕੀਤਾ ਗਿਆ ਸੀ। ਇਸ ਕਿਤਾਬ ਵਿੱਚ ਲੇਖਕ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਨੇ ਸਿੱਖ ਸੰਘਰਸ਼ ਦੌਰਾਨ ਵਾਪਰੀਆਂ ਅਨੇਕਾਂ ਹੀ ਹੱਡ ਬੀਤੀਆਂ ਘਟਨਾਵਾਂ ਦਾ ਵਰਨਣ ਕਰਦਿਆਂ ਅਨੇਕਾਂ ਯਾਦਾਂ ਦੀ ਸਾਂਝ ਪਾਈ ਹੈ। ਸੰਘਰਸ਼ ਦੌਰਾਨ ਸਿੱਖ ਪਰਿਵਾਰਾਂ ਵਿੱਚ ਜੁਝਾਰੂਆਂ ਪ੍ਰਤੀ ਅਥਾਹ ਪਿਆਰ ਅਤੇ ਸਤਿਕਾਰ ਦਾ ਵਰਨਣ ਹੈ ਉੱਥੇ ਮਾਤਾਵਾਂ ਅਤੇ ਬਜੁਰਗਾਂ ਵੱਲੋਂ ਜੁਝਾਰੂਆਂ ਦੀ ਚੜਦੀ ਕਲਾ ਵਾਸਤੇ ਪਾਏ ਗਏ ਅਦਿੱਖ ਯੋਗਦਾਨ ਦੀ ਸਾਂਝ ਹੈ। ਲੇਖਕ ਦੇ ਹੱਡੀਂ ਹੰਢਾਏ ਅਤੇ ਅੱਖੀਂ ਵੇਖੇ ਸੰਘਰਸ਼ ਦੀ ਦਾਸਤਾਨ ਭਰਪੂਰ ਇਸ ਕਿਤਾਬ ਵਿੱਚ ਬਹੁਤ ਸਾਰੀਆਂ ਘਟਨਾਵਾਂ ਦਾ ਵਰਨਣ ਹੈ।

## ਬਾਬਾ ਫਰੀਦ ਲਾਅ ਕਾਲਜ ਦੇ ਐਨ.ਸੀ.ਸੀ. ਕੈਡਿਟਸ ਨੇ ਲਾਇਆ ਆਰਮੀ ਅਟੈਚਮੈਂਟ ਕੈਂਪ

ਵਰਲਡ ਪੰਜਾਬੀ ਟਾਈਮਜ਼
ਟਿੱਕੂ ਕੁਮਾਰ

ਫਰੀਦਕੋਟ, 18 ਦਸੰਬਰ : ਬਾਬਾ ਫਰੀਦ ਲਾਅ ਕਾਲਜ ਫਰੀਦਕੋਟ ਵਿੱਚ ਮਾਨਯੋਗ ਚੇਅਰਮੈਨ ਸਵ. ਸ. ਇੰਦਰਜੀਤ ਸਿੰਘ ਖਾਲਸਾ ਜੀ ਦੀ ਅਗਾਂਹਵਧੂ ਸੋਚ ਨੂੰ ਅੱਗੇ ਵਧਾਉਂਦੇ ਹੋਏ ਸ. ਸਿਮਰਜੀਤ ਸਿੰਘ ਸੇਖੋਂ ਜੀ ਦੀ ਰਹਿਨੁਮਾਈ ਅਤੇ ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਦੀ ਅਗਵਾਈ ਹੇਠ ਕਾਲਜ ਦੇ 5 ਕੈਡਿਟਸ ਯਾਦਵਿੰਦਰ ਸਿੰਘ, ਗੁਰਨਿਵਾਜ ਸਿੰਘ ਗਿੱਲ, ਗੁਰਸਿਮਰਨ ਸਿੰਘ, ਮੋਹਦੀਪ ਸਿੰਘ ਅਤੇ ਆਸ਼ੀਸ਼ ਲਾਂਬਾ ਨੇ ਆਰਮੀ ਅਟੈਚਮੈਂਟ ਕੈਂਪ ਵਿੱਚ ਹਿੱਸਾ ਲਿਆ। ਇਸ ਕੈਂਪ ਵਿੱਚ ਕੈਡਿਟਸ ਨੇ ਰਾਈਫਲ ਟਰੇਨਿੰਗ, ਡਰਿੱਲ ਪਰੇਡ, ਮੈਪ ਰੀਡਿੰਗ ਅਤੇ ਫੌਜ ਦੀ ਬਣਤਰ ਬਾਰੇ ਜਾਣਕਾਰੀ




ਹਾਸਿਲ ਕੀਤੀ। ਇਹ ਕੈਂਪ ਲਗਾਤਾਰ 12 ਦਿਨ ਜਾਰੀ ਰਿਹਾ। ਇਹ ਸਾਰਾ ਪ੍ਰੋਗਰਾਮ 13 ਪੰਜਾਬ ਐਨ.ਸੀ.ਸੀ ਬਟਾਲੀਅਨ ਫਿਰੋਜ਼ਪੁਰ ਦੀ ਅਗਵਾਈ ਹੇਠ ਟੂ ਗ੍ਰਨੇਡੀਅਰ ਰੈਜੀਮੈਂਟ ਵੱਲੋਂ ਚਲਾਇਆ ਗਿਆ। ਟਰੇਨਿੰਗ ਬਾਰੇ ਅੱਗੇ ਦੱਸਦੇ ਹੋਏ ਸੀ ਟੀ ਓ ਮਨਿੰਦਰ ਸਿੰਘ ਨੇ ਦੱਸਿਆ ਕਿ ਸਾਰੀ ਆਰਮੀ ਟੀਮ ਜਿਸ ਵਿੱਚ ਕੈਪਟਨ ਬੀਰਬਲ ਸਿੰਘ, ਹਵਲਦਾਰ ਰਵੀ ਕੁਮਾਰ, ਅਤੇ ਹਵਲਦਾਰ ਗੁਰਦੀਪ ਸਿੰਘ ਨੇ ਬਹੁਤ ਹੀ ਮਿਹਨਤ ਨਾਲ ਟਰੇਨਿੰਗ ਕਰਵਾਈ। ਅੰਤ ਵਿੱਚ ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਜੀ ਨੇ ਇਹ ਟਰੇਨਿੰਗ ਕਰਵਾਉਣ ਲਈ ਬਟਾਲੀਅਨ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਕਾਲਜ ਐਨ.ਸੀ.ਸੀ ਦੀ ਤਰੱਕੀ ਲਈ ਹਰ ਸਹੂਲਤਾਂ ਮੁਹੱਈਆ ਕਰਵਾਉਂਦਾ ਰਹੇਗਾ।

## ਸਰੀ ਦੇ ਸੂਰੀ ਪਰਿਵਾਰ ਨੂੰ ਸਦਮਾ — ਮਾਤਾ ਗੁਰਦੇਵ ਕੌਰ ਸਦੀਵੀ ਵਿਛੋੜਾ ਦੇ ਗਏ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ



ਸਰੀ,18 ਦਸੰਬਰ : ਸਰੀ ਨਿਵਾਸੀ ਸੂਰੀ ਪਰਿਵਾਰ ਨੂੰ ਉਸ ਸਮੇਂ ਗਹਿਰਾ ਸਦਮਾ ਪਹੁੰਚਿਆ ਜਦੋਂ ਮਾਤਾ ਗੁਰਦੇਵ ਕੌਰ ਸੂਰੀ (ਉਮਰ 93 ਸਾਲ) 16 ਦਸੰਬਰ 2025 ਨੂੰ ਅਕਾਲ ਚਲਾਣਾ ਕਰ ਗਏ। ਮਾਤਾ ਗੁਰਦੇਵ ਕੌਰ ਸੂਰੀ ਦਾ ਅੰਤਿਮ ਸੰਸਕਾਰ 22 ਦਸੰਬਰ 2025 ਨੂੰ ਦੁਪਹਿਰ 2:30 ਵਜੇ ਰਿਵਰਸਾਈਡ ਫਿਊਨਰਲ ਹੋਮ, ਡੈਲਟਾ (ਬੀ.ਸੀ.) ਵਿਖੇ ਹੋਵੇਗੀ। ਉਪਰੰਤ ਉਸੇ ਦਿਨ ਸ਼ਾਮ 4:00 ਵਜੇ ਗੁਰੂ ਨਾਨਕ ਸਿੱਖ ਗੁਰਦੁਆਰਾ, ਸਰੀ (ਬੀ.ਸੀ.) ਵਿੱਚ ਸਹਿਜ ਪਾਠ ਦਾ ਭੋਗ ਪਵੇਗਾ ਅਤੇ ਅੰਤਿਮ ਅਰਦਾਸ ਅਦਾ ਕੀਤੀ ਜਾਵੇਗੀ। ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਮਨਜਿੰਦਰ ਸਿੰਘ ਸੂਰੀ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

## ਪੰਜਾਬੀ ਫਿਲਮਾਂ ਦੀ ਸੱਸ ਅਨੀਤਾ ਦੇਵਗਨ

ਵਰਲਡ ਪੰਜਾਬੀ ਟਾਈਮਜ਼
ਰਜਵਿੰਦਰ ਪਾਲ ਸ਼ਰਮਾ



ਅਜਿਹੇ ਬਹੁਤ ਘੱਟ ਖੁਸ਼ਕਿਸਮਤ ਕਲਾਕਾਰ ਹੁੰਦੇ ਹਨ ਜਿਨ੍ਹਾਂ ਦੀ ਅਦਾਕਾਰੀ ਅਤੇ ਉਹਨਾਂ ਦੁਆਰਾ ਨਿਭਾਏ ਰੋਲ ਉਹਨਾਂ ਦੀ ਪਛਾਣ ਬਣ ਜਾਂਦੇ ਹਨ। ਕੁੱਝ ਖ਼ਾਸ ਅਦਾਕਾਰ ਹੀ ਹੁੰਦੇ ਹਨ ਜੋ ਆਪਣੀ ਅਦਾਕਾਰੀ ਦੀ ਛਾਪ ਦਰਸ਼ਕਾਂ ਦੇ ਦਿਲਾਂ ਵਿੱਚ ਇਸ ਕਦਰ ਛੱਡ ਦਿੰਦੇ ਹਨ ਕਿ ਦਰਸ਼ਕ ਉਹਨਾਂ ਦੇ ਅਸਲ ਨਾਂ ਨੂੰ ਭੁੱਲ ਕੇ ਉਹਨਾਂ ਦੇ ਅਦਾਕਾਰੀ ਵਾਲੇ ਨਾਮ ਨੂੰ ਸਦਾ ਲਈ ਜ਼ਿਹਨ ਵਿੱਚ ਵਸਾ ਲੈਂਦੇ ਹਨ।ਚਾਚੀ ਅਤਰੋ ਨਾਲ ਮਸ਼ਹੂਰ ਸਰੂਪ ਪਰਿੰਦਾ,ਨਿਰਮਲ ਰਿਸ਼ੀ ਗੁਲਾਬੋ ਮਾਸੀ ਵਜੋਂ ਅਤੇ ਇਸੇ ਹੀ ਲੜੀ ਨੂੰ ਅੱਗੇ ਤੋਰਦਿਆਂ ਅਜੋਕੇ ਸਮੇਂ ਵਿੱਚ ਸੱਸ ਦੇ ਰੂਪ ਵਿੱਚ ਅਨੀਤਾ ਦੇਵਗਨ ਨੇ ਦਰਸ਼ਕਾਂ ਨਾਲ ਡੂੰਘੀ ਸਾਂਝ ਬਣਾ ਲਈ ਹੈ। 18 ਮਾਰਚ 1975 ਨੂੰ ਅਮ੍ਰਿਤਸਰ ਵਿੱਚ ਜਨਮੀ ਅਨੀਤਾ ਦੇਵਗਨ ਨੂੰ ਸਕੂਲੀ ਸਮੇਂ ਤੋਂ ਹੀ ਐਕਟਿੰਗ ਦਾ ਬਹੁਤ ਸ਼ੌਂਕ ਸੀ।ਸਕੂਲ ਵਿੱਚ ਹੁੰਦੇ ਸੱਭਿਆਚਾਰ ਪ੍ਰੋਗਰਾਮ ਅਤੇ ਉਸ ਤੋਂ ਬਾਅਦ ਕਾਲਜ਼ ਦੇ ਸੱਭਿਆਚਾਰ ਮੁਕਾਬਲਿਆਂ ਨੇ ਉਸ ਦੀ ਅਦਾਕਾਰੀ ਨੂੰ ਥੀਏਟਰ ਵੱਲ ਆਉਣ ਲਈ ਪ੍ਰੇਰਿਤ ਕੀਤਾ।1990 ਦੇ ਦਹਾਕੇ ਵਿੱਚ ਥੀਏਟਰ ਤੋਂ ਆਪਣੀ ਅਦਾਕਾਰੀ ਦੀ ਸ਼ੁਰੂਆਤ ਕਰਨ ਵਾਲੀ ਅਨੀਤਾ ਦੇਵਗਨ ਨੇ ਜਲੰਧਰ ਦੂਰਦਰਸ਼ਨ ਤੇ ਆਪਣਾ ਪਹਿਲਾ ਸੀਰੀਅਲ ਪੰਚਨੀ ਕੀਤਾ ਜਿਸਨੂੰ ਦਰਸ਼ਕਾਂ ਨੇ ਭਰਪੂਰ ਪਿਆਰ ਦਿੱਤਾ।ਇਸ ਤੋਂ ਬਾਅਦ ਜਲੰਧਰ ਦੂਰਦਰਸ਼ਨ ਤੇ ਹੋਰ ਸੀਰੀਅਲ ਜਿਵੇਂ ਲੋਰੀ ਅਤੇ ਹਕੀਮ ਤਾਰਾ ਚੰਦ ਕਰਦੇ ਹੋਏ 2008 ਵਿੱਚ ਪੰਜਾਬੀ ਫ਼ਿਲਮ ਹਸ਼ਰ ਏ ਲਵ ਸਟੋਰੀ ਵਿੱਚ ਅਦਾਕਾਰੀ ਨਾਲ ਦਰਸ਼ਕਾਂ ਦੇ ਮਨਾਂ ਤੇ ਡੂੰਘੀ ਛਾਪ ਛੱਡੀ।ਇਸ ਤੋਂ ਬਾਅਦ ਅਨੀਤਾ ਦੇਵਗਨ ਦੀ ਅਦਾਕਾਰੀ ਦੀਆਂ ਧੁੰਮਾਂ ਚਾਰੇ ਪਾਸੇ ਪੈ ਗਈਆਂ ਅਤੇ ਪੰਜਾਬੀ ਸਿਨੇਮਾ ਵਿੱਚ ਇੱਕ ਤੋਂ ਬਾਅਦ ਇੱਕ ਬਿਹਤਰੀਨ ਫ਼ਿਲਮਾਂ ਦਿੱਤੀਆਂ। ਅਨੀਤਾ ਦੇਵਗਨ ਨੇ ਪੰਜਾਬਣ ਲਵ ਰੂਲਜ ਹਾਰਟਸ,ਜੱਟ ਐਂਡ ਜੁਲੀਅਟ, ਜੱਟ ਐਂਡ ਜੁਲੀਅਟ 2, ਫੇਰ ਮਾਮਲਾ ਗੜਬੜ ਗੜਬੜ, ਰੌਂਦੇ ਸਾਰੇ ਵਿਆਹ ਪਿੱਛੋਂ,ਪਰੋਪਰ ਪਟੋਲਾ,ਜੱਜ ਸਿੰਘ ਐੱਲ. ਐੱਲ. ਬੀ, ਕਪਤਾਨ,ਬੰਬੂਕਾਟ,ਠੱਗ ਲਾਈਫ,ਗੋਲਕ ਬੁਗਨੀ ਬੈਂਕ ਤੇ ਬਟੂਆ,ਕਾਲਾ ਸ਼ਾਹ ਕਾਲਾ,ਜੱਦੀ ਸਰਦਾਰ,ਪੁਆੜਾ, ਮੈਰਿਜ਼ ਪੈਲੇਸ,ਜੀ ਵਾਈਫ਼ ਜੀ,ਤੀਜਾ ਪੰਜਾਬ,ਮਿਸਟਰ ਐਂਡ ਮਿਸਿਜ਼ 420 ਰਿਟਰਨਜ,ਨੀ ਮੈਂ ਸੱਸ ਕੁੱਟਣੀ ਅਤੇ ਨੀ ਮੈਂ ਸੱਸ ਕੁੱਟਣੀ - 2 ਰਾਹੀਂ ਆਪਣੀ ਅਦਾਕਾਰੀ ਦਾ ਲੋਹਾ ਪੂਰੇ ਸਿਨੇਮਾ ਜਗਤ ਨੂੰ ਮਨਵਾਇਆ।ਨੀ ਮੈਂ ਸੱਸ ਕੁੱਟਣੀ ਭਾਗ ਪਹਿਲਾ ਅਤੇ ਭਾਗ ਦੂਜੇ ਵਿੱਚ ਕੀਤੇ ਸੱਸ ਦੇ ਰੋਲ ਨੂੰ ਤਾਂ ਦਰਸ਼ਕਾਂ ਨੇ ਇਸ ਕਦਰ ਪਸੰਦ ਕੀਤਾ ਕਿ ਅਜੋਕੇ ਸਮੇਂ ਵਿੱਚ ਉਹ ਸੱਚ ਮੁੱਚ ਹੀ ਪੰਜਾਬੀ ਫ਼ਿਲਮਾਂ ਦੀ ਸੱਸ ਬਣ ਚੁੱਕੀ ਹੈ। ਆਪਣੇ ਪਤੀ ਹਰਦੀਪ ਗਿੱਲ ਨਾਲ ਮਿਲਕੇ ਉਸਨੇ ਸਾਫ਼ ਸੁਥਰੀ ਅਤੇ ਪਰਿਵਾਰਕ ਕਮੇਡੀ ਰਾਹੀਂ ਸਮਾਜ਼ ਦੀਆਂ ਬੁਰਾਈਆਂ ਤੇ ਚੋਟ ਕਰਕੇ ਇੱਕ ਜੁੱਟ ਹੋਣ ਦਾ ਹੋਕਾ ਦਿੱਤਾ।ਨੀ ਮੈਂ ਸੱਸ ਕੁੱਟਣੀ ਭਾਗ ਪਹਿਲੇ ਅਤੇ ਭਾਗ ਦੂਜੇ ਵਿੱਚ ਸੱਸ ਬਣ ਕੇ ਉਸਨੇ ਸੰਦੇਸ਼ ਦਿੱਤਾ ਕਿ ਜ਼ਰੂਰੀ ਨਹੀਂ ਕਿ ਸੱਸ ਹਮੇਸ਼ਾ ਬੁਰੀ ਹੀ ਹੋਵੇ ਜ਼ੇਕਰ ਸੱਸ ਅਤੇ ਨੂੰਹ ਇੱਕ ਦੂਜੇ ਨੂੰ ਸਮਝਣ ਤਾਂ ਮਾਂ ਧੀ ਬਣ ਕੇ ਵੀ ਰਹਿ ਸਕਦੀਆਂ ਹਨ। ਅਨੀਤਾ ਦੇਵਗਨ ਦੀ ਅਦਾਕਾਰੀ ਦੇਖਦੇ ਹੋਏ ਕਦੇ ਇਹ ਲੱਗਦਾ ਹੀ ਨਹੀਂ ਕਿ ਉਹ ਐਕਟਿੰਗ ਕਰ ਰਹੇ ਹਨ। ਉਹ ਮਿਲੇ ਕਿਰਦਾਰ ਵਿੱਚ ਆਪਣੇ ਆਪ ਨੂੰ ਪੂਰੀ ਤਰ੍ਹਾਂ ਢਾਲ ਲੈਂਦੇ ਹਨ।ਅਨੀਤਾ ਦੇਵਗਨ ਦੇ ਡਾਇਲਾਗ ਬੋਲਣ ਦਾ ਫਲੋਅ ਜਸਵਿੰਦਰ ਭੱਲੇ ਵਰਗਾ ਹੈ। ਬਿਨਾਂ ਕਿਸੇ ਅੜਚਣ ਅਤੇ ਰੋਕ ਟੋਕ ਦੇ ਇਸ ਕਦਰ ਬੋਲਦੇ ਹਨ ਕਿ ਹੱਸ ਹੱਸ ਕੇ ਦਰਸ਼ਕਾਂ ਦੇ ਢਿੱਡੀਂ ਪੀੜਾਂ ਅਤੇ ਅੱਖਾਂ ਵਿੱਚ ਹੰਝੂ ਆ ਜਾਂਦੇ ਹਨ।ਆਪਣੀ ਬਿਹਤਰੀਨ ਅਦਾਕਾਰੀ ਲਈ ਅਨੀਤਾ ਦੇਵਗਨ ਨੂੰ ਕਈ ਪੁਰਸਕਾਰਾਂ ਨਾਲ ਵੀ ਨਿਵਾਜਿਆ ਜਾ ਚੁੱਕਾ ਹੈ ਜਿਸ ਵਿੱਚ 2020 ਦਾ ਪੀ ਟੀ ਸੀ ਪੰਜਾਬੀ ਫ਼ਿਲਮ ਐਵਾਰਡ ਸਭ ਤੋਂ ਵਧੀਆ ਸਹਾਇਕ ਅਦਾਕਾਰਾ ਲਈ ਅਤੇ ਸਭ ਤੋਂ ਵਧੀਆ ਅਦਾਕਾਰਾ ਲਈ ਵਿਰਾਸਤ ਇੰਟਰਨੈਸ਼ਨਲ ਪੰਜਾਬੀ ਫ਼ਿਲਮ ਐਵਾਰਡ ਸ਼ਾਮਿਲ ਹਨ। ਅਨਿਤਾ ਦੇਵਗਨ ਦੀ ਅਦਾਕਾਰੀ ਤੋਂ ਬਿਨਾਂ ਪੰਜਾਬੀ ਫ਼ਿਲਮਾਂ ਅਧੂਰੀਆਂ ਹਨ।ਥੀਏਟਰ ਅਤੇ ਨੁੱਕੜ ਨਾਟਕਾਂ ਤੋਂ ਸ਼ੁਰੂ ਕਰਕੇ ਇੱਕ ਲੰਮਾਂ ਪੈਂਡਾ ਤੈਅ ਕਰਨ ਵਾਲੀ ਅਨੀਤਾ ਦੇਵਗਨ ਉਹਨਾਂ ਨੌਜਵਾਨਾਂ ਲਈ ਰਾਹ ਦਸੇਰਾ ਹਨ ਜ਼ੋ ਰਾਤੋਂ ਰਾਤ ਸਟਾਰ ਬਣ ਦਾ ਸੋਚਦੇ ਹਨ। ਅਨੀਤਾ ਦੇਵਗਨ ਦੀ ਸਫ਼ਲਤਾ ਇਹ ਸ਼ਾਹਦੀ ਭਰਦੀ ਹੈ ਕਿ ਸਫ਼ਲਤਾ ਇੱਕ ਦਿਨ ਵਿੱਚ ਨਹੀਂ ਮਿਲਦੀ ਪ੍ਰੰਤੂ ਇੱਕ ਨਾ ਇੱਕ ਦਿਨ ਜ਼ਰੂਰ ਮਿਲਦੀ ਹੈ।ਕੋਈ ਵੀ ਪਗਡੰਡੀ ਰਾਤੋਂ ਰਾਤ ਸ਼ਾਹ ਰਾਹ ਨਹੀਂ ਬਣ ਜਾਂਦੀ। ਸਫ਼ਲ ਹੋਣ ਦਾ ਕੋਈ ਸਾਹਟਕੱਟ ਨਹੀਂ, ਲਗਾਤਾਰ ਮਿਹਨਤ ਅਤੇ ਜਜ਼ਬੇ ਨਾਲ ਹੀ ਸਫ਼ਲਤਾ ਹਾਸਿਲ ਹੁੰਦੀ ਹੈ।ਆਪਣੀ ਅਦਾਕਾਰੀ ਨਾਲ ਛਾਪ ਛੱਡਣ ਵਾਲੀ ਅਨੀਤਾ ਦੇਵਗਨ ਦੀ ਲੰਮੀ ਉਮਰ ਅਤੇ ਚੰਗੀ ਸਿਹਤ ਦੀ ਅਰਦਾਸ ਕਰਦੇ ਹੋਏ ਸਮੁੱਚੇ ਦਰਸ਼ਕ ਵਰਗ ਨੂੰ ਭਵਿੱਖ ਵਿੱਚ ਵੀ ਉਹਨਾਂ ਤੋਂ ਕਾਮੇਡੀ ਅਤੇ ਸਮਾਜ਼ ਨੂੰ ਸੇਧ ਦੇਣ ਵਾਲੀਆਂ ਅਜਿਹੀਆਂ ਹੋਰ ਬਿਹਤਰੀਨ ਫ਼ਿਲਮ ਦੀ ਉਡੀਕ ਰਹੇਗੀ।

## ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਨੇ 15 ਸੀਨੀਅਰ ਪੈਨਸ਼ਨਰਾਂ ਦਾ ਕੀਤਾ ਵਿਸ਼ੇਸ਼ ਸਨਮਾਨ

### ਏਟਕ, ਹੋਰ ਮੁਲਾਜ਼ਮ ਅਤੇ ਪੈਨਸ਼ਨਰਾਂ ਵੱਲੋਂ ਸੂਬਾਈ ਚੇਤਨਾ ਕਨਵੈਨਸ਼ਨ ਮੋਗਾ ਵਿਖੇ 20 ਨੂੰ

ਵਰਲਡ ਪੰਜਾਬੀ ਟਾਈਮਜ਼
ਟਿੱਕੂ ਕੁਮਾਰ



ਕੋਟਕਪੂਰਾ, 18 ਦਸੰਬਰ : ਮਾਨਯੋਗ ਸੁਪਰੀਮ ਕੋਰਟ ਦੇ ਪੰਜ ਮੈਂਬਰੀ ਡਵੀਜ਼ਨ ਬੈਂਚ ਨੇ 17 ਦਸੰਬਰ 1982 ਨੂੰ ਇੱਕ ਮਹੱਤਵਪੂਰਨ ਫੈਸਲਾ ਕਰਕੇ ਕਿਹਾ ਸੀ ਕਿ ਪੈਨਸ਼ਨ ਕੋਈ ਇਨਾਮ, ਭੀਖ ਜਾਂ ਖੈਰਾਤ ਨਹੀਂ ਹੈ, ਜਿਹੜੀ ਹਾਕਮ ਸਰਕਾਰ ਦੀ ਮਰਜ਼ੀ ਨਾਲ ਦਿੱਤੀ ਜਾਣੀ ਹੈ। ਪੈਨਸ਼ਨ ਤਾਂ ਕਰਮਚਾਰੀ ਦਾ ਅਧਿਕਾਰ ਹੈ, ਜਿਹੜਾ ਕਿ ਸਮਾਜਿਕ ਸੁਰੱਖਿਆ ਤਹਿਤ ਉਸ ਨੂੰ ਹਰ ਹਾਲਤ ਵਿੱਚ ਮਿਲਣਾ ਹੈ ਕਿਉਂਕਿ ਉਸ ਨੇ ਆਪਣੀ ਜਵਾਨੀ ਦਾ ਸਾਰਾ ਸਮਾਂ ਸਰਕਾਰੀ ਸੇਵਾ ਵਿੱਚ ਲਾਇਆ ਹੁੰਦਾ ਹੈ। ਪੈਨਸ਼ਨ ਤਾਂ ਮੁਲਾਜ਼ਮਾਂ ਦੇ ਬੁੱਢਾਪੇ ਦੀ ਡੰਗੋਰੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਸਬੰਧਤ ਏਟਕ ਵੱਲੋਂ ਸਥਾਨਕ ਸ਼ਹੀਦ ਭਗਤ ਸਿੰਘ ਪਾਰਕ ਵਿਖੇ ਮਨਾਏ ਗਏ ਪੈਨਸ਼ਨਰ ਦਿਵਸ ਸਮਾਗਮ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ, ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਕੁਲਵੰਤ ਸਿੰਘ ਚਾਨੀ, ਪੈਨਸ਼ਨਰ ਆਗੂ ਅਸ਼ੋਕ ਕੌਸ਼ਲ ਵੱਲੋਂ ਕੀਤਾ ਗਿਆ। ਉਹਨਾਂ ਦੋਸ਼ ਲਾਇਆ ਕਿ ਕੇਂਦਰ ਅਤੇ ਪੰਜਾਬ ਵਿੱਚ ਸਮੇਂ ਸਮੇਂ ਦੀਆਂ ਹੁਕਮਰਾਨ ਸਰਕਾਰਾਂ ਨੇ ਕਾਰਪੋਰੇਟ ਸੈਕਟਰ ਦੇ ਦਬਾਅ ਹੇਠ ਜਨਵਰੀ 2004 ਤੋਂ ਬਾਅਦ ਭਰਤੀ ਲੱਖਾਂ ਮੁਲਾਜ਼ਮਾਂ ਤੋਂ ਪੈਨਸ਼ਨ ਦਾ ਹੱਕ ਖੋਹਕੇ ਮਾਨਯੋਗ ਸੁਪਰੀਮ ਕੋਰਟ ਦੇ ਫੈਸਲੇ ਦਾ ਅਪਮਾਨ ਕਰ ਰਹੀਆਂ ਹਨ। ਸਮਾਗਮ ਦੌਰਾਨ 15 ਸੀਨੀਅਰ ਪੈਨਸ਼ਨਰਾਂ ਪ੍ਰਮੋਦ ਕੁਮਾਰ ਸ਼ਰਮਾ ਬਰਗਾੜੀ, ਸ਼ਕੁੰਤਲਾ ਦੇਵੀ, ਪ੍ਰਿੰਸੀਪਲ ਮੇਹਰ ਸਿੰਘ ਸੰਧੂ, ਅਸ਼ੋਕ ਚਾਵਲਾ ਸੁਪਰਡੈਂਟ, ਸੁਖਚਰਨ ਸਿੰਘ, ਬਲਵਿੰਦਰ ਸਿੰਘ, ਹਰਜੀਤ ਸਿੰਘ, ਰੁਲਦਾ ਸਿੰਘ ਪੀਆਰਟੀਸੀ, ਜਗਵੰਤ ਸਿੰਘ ਬਰਾੜ ਮੁੱਖ ਅਧਿਆਪਕ, ਦੇਵ ਕੌਰ ਮੁੱਖ ਅਧਿਆਪਕਾ, ਹਰਦੀਪ ਸਿੰਘ ਲੈਕਚਰਾਰ, ਕਸ਼ਮੀਰਾ ਸਿੰਘ, ਸੰਤੋਸ਼ ਕੁਮਾਰੀ ਚਾਵਲਾ, ਹਰਜੀਤ ਕੌਰ ਭੁੱਲਰ ਅਤੇ ਜਸਪਾਲ ਸਿੰਘ ਆਦਿ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਅਤੇ ਸਿਰੋਪਾਓ ਦੀ ਬਖਸ਼ਿਸ਼ ਕਰਕੇ ਸਨਮਾਨਿਤ ਕੀਤਾ ਗਿਆ। ਸਮਾਗਮ ਨੂੰ ਸੰਬੋਧਨ ਕਰਦੇ ਹੋਏ ਪੈਨਸ਼ਨਰ ਆਗੂ ਮੁਖ਼ਤਿਆਰ ਸਿੰਘ ਮੱਤਾ, ਸੋਮਨਾਥ ਅਰੋੜਾ, ਇਕਬਾਲ ਸਿੰਘ ਮੰਘੇੜਾ, ਤਰਸੇਮ ਨਰੂਲਾ, ਸੁਖਦੇਵ ਸਿੰਘ ਗਿੱਲ ਸੁਪਰਡੈਂਟ ਫਰੀਦਕੋਟ, ਸ਼ਾਮ ਲਾਲ ਚਾਵਲਾ , ਅਮਰਜੀਤ ਕੌਰ ਛਾਬੜਾ, ਇਕਬਾਲ ਸਿੰਘ ਰਣ ਸਿੰਘ ਵਾਲਾ, ਕੁਲਜੀਤ ਸਿੰਘ ਬੰਬੀਹਾ, ਪ੍ਰਦੀਪ ਸਿੰਘ ਬਰਾੜ, ਪ੍ਰਿੰਸੀਪਲ ਗੁਰਦੀਪ ਕੌਰ, ਹਰਪਾਲ ਸਿੰਘ ਮਚਾਕੀ, ਇੰਦਰਜੀਤ ਸਿੰਘ ਗਿੱਲ ਅਤੇ ਨਾਹਰ ਸਿੰਘ ਗਿੱਲ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਦੇ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ 16 ਫੀਸਦੀ ਦੀ ਦਰ ਨਾਲ ਡੀ ਏ ਦੀਆਂ ਬਕਾਇਆ ਪਈਆਂ ਪੰਜ ਕਿਸਤਾਂ ਤੁਰੰਤ ਦਿੱਤੀਆਂ ਜਾਣ, ਤਨਖਾਹ ਕਮਿਸ਼ਨ ਦਾ ਬਣਦਾ ਸਾਰਾ ਬਕਾਇਆ ਤੁਰਤ ਦਿੱਤਾ ਜਾਵੇ, ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਤੁਰੰਤ ਲਾਗੂ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਤੁਰੰਤ ਲਾਗੂ ਕੀਤੀ ਜਾਵੇ, ਪੰਜਾਬ ਦੇ ਸੱਤਵੇਂ ਤਨਖਾਹ ਕਮਿਸ਼ਨ ਦਾ ਤੁਰਤ ਗਠਨ ਕੀਤਾ ਜਾਵੇ, ਠੇਕਾ ਅਤੇ ਆਊਟ ਸੋਰਸ ਮੁਲਾਜ਼ਮਾਂ ਨੂੰ ਤੁਰਤ ਰੈਗੂਲਰ ਕੀਤਾ ਜਾਵੇ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕ ਵਿੱਚ ਹੋਏ ਵੱਖ ਵੱਖ ਅਦਾਲਤੀ ਫੈਸਲੇ ਤੁਰੰਤ ਲਾਗੂ ਕੀਤੇ ਜਾਣ, ਮੁੱਖ ਮੰਤਰੀ ਪੰਜਾਬ ਸਰਕਾਰ ਵੱਲੋਂ ਤੁਰੰਤ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝੇ ਫਰੰਟ ਦੀ ਲੀਡਰਸ਼ਿਪ ਨਾਲ ਮੀਟਿੰਗ ਕਰਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਲਮਕ ਅਵਸਥਾ ਵਿੱਚ ਪਏ ਸਾਰੇ ਮਸਲੇ ਹੱਲ ਕੀਤੇ ਜਾਣ। ਸਮਾਗਮ ਦੌਰਾਨ ਸਰਵ ਸੰਮਤੀ ਨਾਲ ਇੱਕ ਮਤਾ ਪਾਸ ਕਰਕੇ ਕੇਂਦਰੀ ਹੁਕਮਰਾਨ ਮੋਦੀ ਸਰਕਾਰ ਵੱਲੋਂ ਸੰਸਦ ਦੇ ਮੌਜੂਦਾ ਸੈਸ਼ਨ ਵਿੱਚ ਲਿਆਂਦੇ ਜਾ ਰਹੇ ਬਿਜਲੀ ਸੋਧ ਐਕਟ 2025 ਅਤੇ ਪਿਛਲੇ ਸਮੇਂ ਦੌਰਾਨ ਮਜ਼ਦੂਰ ਪੱਖੀ 29 ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਲਿਆਂਦੇ ਗਏ ਚਾਰ ਲੇਬਰ ਕੋਡਾਂ ਦੀ ਵੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਆਗੂਆਂ ਨੇ ਅੱਗੇ ਕਿਹਾ ਕਿ ਪੰਜਾਬ ਪੈਨਸ਼ਨਰ ਯੂਨੀਅਨ, ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ 1680 ਸੈਕਟਰ 22ਬੀ ,ਚੰਡੀਗੜ੍ਹ ਅਤੇ ਏਟਕ ਵਿੱਚ ਸ਼ਾਮਲ ਸਮੂਹ ਜਥੇਬੰਦੀਆਂ ਵੱਲੋਂ ਸਾਂਝੇ ਤੌਰ ਤੇ ਪੈਨਸ਼ਨਰ ਦਿਵਸ ਨੂੰ ਸਮਰਪਿਤ ਸੂਬਾਈ ਚੇਤਨਾ ਕਨਵੈਨਸ਼ਨ 20 ਦਸੰਬਰ ਦਿਨ ਸ਼ਨੀਵਾਰ ਨੂੰ ਸਵੇਰੇ ਠੀਕ 10-30 ਵਜੇ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਭਵਨ, ਨੇੜੇ ਬੱਸ ਸਟੈਂਡ ਮੋਗਾ ਵਿਖੇ ਕੀਤੀ ਜਾ ਰਹੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਗੁਰਚਰਨ ਸਿੰਘ ਮਾਨ, ਜਸਵਿੰਦਰ ਸਿੰਘ ਬਰਾੜ, ਗੁਰਦੀਪ ਭੋਲਾ, ਹਰਦੇਵ ਸਿੰਘ ਗਿੱਲ, ਮੰਦਰ ਸਿੰਘ ਲੈਕਚਰਾਰ, ਤਾਰਾ ਸਿੰਘ, ਰਮੇਸ਼ ਢੈਪਈ, ਸੁਖਮੰਦਰ ਸਿੰਘ ਰਾਮਸਰ, ਸਵਰਨ ਸਿੰਘ ਚਾਨੀ, ਹਰਜਿੰਦਰ ਸਿੰਘ, ਗੁਰਕੀਰਤ ਸਿੰਘ, ਮੇਜਰ ਸਿੰਘ, ਹਾਕਮ ਸਿੰਘ ਡੀ ਪੀ ਈ, ਰਮੇਸ਼ਵਰ ਸਿੰਘ ਸੁਪਰਡੈਂਟ, ਮੇਜਰ ਸਿੰਘ ਪੰਜਗਰਾਈਂ ਕਲਾਂ, ਰਾਮ ਮੂਰਤੀ, ਉਰਮਿਲਾ ਦੇਵੀ, ਮਲਕੀਤ ਸਿੰਘ ਢਿੱਲਵਾਂ ਕਲਾਂ, ਹਰਦੀਪ ਸਿੰਘ ਫਿੱਡੂ ਭਲਵਾਨ, ਦਰਸ਼ਨ ਸਿੰਘ ਫੌਜੀ, ਬਾਬੂ ਸਿੰਘ ਧਾਲੀਵਾਲ, ਕੇਵਲ ਸਿੰਘ ਲੰਭਵਾਲੀ, ਪਰਮਿੰਦਰ ਕੌਰ ਬਰਾੜ, ਸ੍ਰੀ ਕ੍ਰਿਸ਼ਨ ਸ਼ਰਮਾ, ਹਰੀ ਚੰਦ ਧਿੰਗੜਾ, ਜੋਗਿੰਦਰ ਸਿੰਘ ਛਾਬੜਾ, ਗੇਜ ਰਾਮ ਭੌਰਾ ਅਤੇ ਪਰਮਜੀਤ ਕੌਰ ਔਲਖ ਆਦਿ ਹਾਜ਼ਰ ਸਨ।